# ਡਾਇਰੈਕਟਰ ਜਨਰਲ ਸਕੂਲ ਸਿੱਖਿਆ ਅਤੇ
# ਸਟੇਟ ਪ੍ਰੋਜੈਕਟ ਡਾਇਰੈਕਟਰ, ਐਸ.ਐਸ.ਏ, ਪੰਜਾਬ

ਪੰਜਾਬ ਸਕੂਲ ਸਿੱਖਿਆ ਬੋਰਡ, ਈ. ਬਲਾਕ, ਫੇਜ਼-8, ਪੰਜਵੀਂ ਮੰਜ਼ਿਲ, ਅਜੀਤਗੜ੍ਹ,
ਈ-ਮੇਲ: -- aspdhr2016@gmail.com


ਵੱਲ

1. ਸਮੂਹ ਜਿਲਾ ਸਿੱਖਿਆ ਅਫਸਰ (ਸੈ.ਸਿੱ), ਪੰਜਾਬ।
2. ਸਮੂਹ ਜਿਲਾ ਸਿੱਖਿਆ ਅਫਸਰ (ਐ.ਸਿੱ), ਪੰਜਾਬ।

4072
3/11/17

ਮੀਮੋ ਨੰ: ਸਸਅ/ ਐਚ.ਆਰ/2017/ ( )/ ਸਿੱ.ਪ੍ਰੋ/11895
ਮਿਤੀ: 27/10/2017

**ਵਿਸ਼ਾ: ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ ਪ੍ਰੋਜੈਕਟ ਸਬੰਧੀ।**

1 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2 ਆਪ ਜੀ ਨੂੰ ਪਤਾ ਹੈ ਕਿ ਰਾਜ ਦੇ ਸਮੂਹ ਸਰਕਾਰੀ ਪ੍ਰਾਈਮਰੀ ਸਕੂਲਾਂ ਵਿੱਚ ਪੰਜਾਬ ਸਰਕਾਰ ਵੱਲੋਂ ਪੰਜਾਬ ਪੜ੍ਹੋ ਪੰਜਾਬ ਅਤੇ ਪੜ੍ਹਾਓ ਪੰਜਾਬ ਪ੍ਰੋਜੈਕਟ ਚਲਾਇਆ ਜਾ ਰਿਹਾ ਹੈ। ਇਹ ਪ੍ਰੋਜੈਕਟ ਇਸ ਵਾਰ ਪੰਜਾਬ ਸਰਕਾਰ ਦੇ ਬਜਟ ਸਪੀਚ ਦਾ ਹਿੱਸਾ ਵੀ ਸੀ ਜਿਸ ਦਾ ਮੰਤਵ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੇ ਪੜ੍ਹਾਈ ਦੇ ਮਿਆਰ ਨੂੰ ਉੱਚਾ ਚੁਕਣਾ ਹੈ।

3 ਵੱਖ-ਵੱਖ ਜਿਲਾ ਸਿੱਖਿਆ ਅਫਸਰ (ਐ.ਸਿੱ) ਤੋਂ ਇਸ ਦਫਤਰ ਨੂੰ ਸੂਚਨਾ ਪ੍ਰਾਪਤ ਹੋਈ ਹੈ ਕਿ ਸਿੱਖਿਆ ਪ੍ਰੋਵਾਈਡਰ ਅਧਿਆਪਕ ਯੂਨੀਅਨ ਵੱਲੋਂ ਇਸ ਪ੍ਰੋਜੈਕਟ ਦਾ ਬਾਈਕਾਟ ਕੀਤਾ ਹੋਇਆ ਹੈ, ਜੋ ਕਿ ਸਰਕਾਰ ਦੇ ਕੰਮ ਵਿੱਚ ਵਿਘਨ ਪਾਉਂਦਿਆਂ ਕੰਮ ਪ੍ਰਤੀ ਗੰਭੀਰ ਕੁਤਾਹੀ ਹੈ।

4 ਆਪ ਨੂੰ ਲਿਖਿਆ ਜਾਂਦਾ ਹੈ ਕਿ ਜੇਕਰ ਕੋਈ ਅਧਿਆਪਕ, ਸਿੱਖਿਆ ਪ੍ਰੋਵਾਈਡਰ ਜਾਂ ਵਲੰਟੀਅਰ ਇਸ ਪ੍ਰੋਜੈਕਟ ਦਾ ਬਾਈਕਾਟ ਕਰਦਾ ਹੈ ਜਾਂ ਇਸ ਵਿੱਚ ਵਿਘਨ ਪਾਉਂਦਾ ਹੈ ਤਾਂ ਇਸ ਦਫਤਰ ਨੂੰ ਤੁਰੰਤ ਸੂਚਿਤ ਕੀਤਾ ਜਾਵੇ ਅਤੇ ਨਾਲ ਹੀ ਸਮਰਥ ਅਧਿਕਾਰੀ ਨੂੰ ਬਣਦੀ ਅਨੁਸ਼ਾਸ਼ਨੀ ਕਾਰਵਾਈ ਕਰਨ ਲਈ ਸਿਫਾਰਸ਼ ਭੇਜੀ ਜਾਵੇ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ,
ਸਰਵ ਸਿੱਖਿਆ ਅਭਿਆਨ ਅਥਾਰਟੀ,
ਪੰਜਾਬ।

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.) ਅੰਮ੍ਰਿਤਸਰ

ਮੀਮੋ ਨੰ ਜੀ-4/2017-1273 ਮਿਤੀ ਅੰਮ੍ਰਿਤਸਰ 14/11/17

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.)
ਅੰਮ੍ਰਿਤਸਰ।
13/11/17